# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ, ਦਰਿਆਵਾਂ ਨੂੰ ਜੋੜਨ ਵਾਲੇ ਦੇਸ਼ ਦੇ ਪਹਿਲੇ ਅਭਿਲਾਸ਼ੀ ਅਤੇ ਬਹੁਮੰਤਵੀ ਕੇਨ-ਬੇਤਵਾ ਨੈਸ਼ਨਲ ਰਿਵਰ ਲਿੰਕਿੰਗ ਪ੍ਰੋਜੈਕਟ ਦਾ ਨੀਂਹ ਪੱਥਰ ਰਖਿਆ ।
- ਕੇਂਦਰੀ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੱਜ 10 ਹਜ਼ਾਰ ਤੋਂ ਵੱਧ ਨਵੀਆਂ ਸਥਾਪਿਤ ਖੇਤੀਬਾੜੀ ਸਹਿਕਾਰੀ ਸਭਾਵਾਂ, ਡੇਅਰੀ ਅਤੇ ਮੱਛੀ ਪਾਲਣ ਸਹਿਕਾਰੀ ਸਭਾਵਾਂ ਰਾਸ਼ਟਰ ਨੂੰ ਸਮਰਪਿਤ ਕੀਤੀਆਂ ।
- ਕੇਂਦਰੀ ਰਾਜ ਮੰਤਰੀ, ਡਾ: ਜਤਿੰਦਰ ਸਿੰਘ ਨੇ ਅੱਜ ਸੁਸ਼ਾਸਨ ਦਿਵਸ 'ਤੇ Viksit Panchayat Karmayogi ਪਹਿਲਕਦਮੀ ਦੀ ਸ਼ੁਰੂਆਤ ਕੀਤੀ।

- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਫਤਿਹਗੜ੍ਹ ਸਾਹਿਬ ਦੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਲਾਨਾ ਤਿੰਨ ਰੋਜ਼ਾ ਸ਼ਹੀਦੀ ਸਭਾ ਅੱਜ ਤੋਂ ਅਰੰਭ।
- 67 ਵੀਂ ਰਾਸ਼ਟਰੀ ਨਿਸ਼ਾਨੇਬਾਜ਼ੀ ਚੈਮਪੀਅਨਸ਼ਿਪ 'ਚ ਪੰਜਾਬ ਦੀ ਗਨੀਮਤ ਸੇਖੋਂ ਨੇ ਦਿੱਲੀ'ਚ ਮਹਿਲਾ SKEET ਮੁਕਾਬਲੇ'ਚ ਲਗਾਤਾਰ ਦੂਜਾ ਰਾਸ਼ਟਰੀ ਖਿਤਾਬ ਆਪਣੇ ਨਾਂ ਕੀਤਾ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ 100ਵੀਂ ਜਨਮ ਵਰ੍ਹੇਗੰਢ ਮੌਕੇ ਅੱਜ ਮੱਧ ਪ੍ਰਦੇਸ਼ ਦੇ ਖਜੂਰਾਹੋ ਵਿਖੇ ਦਰਿਆਵਾਂ ਨੂੰ ਜੋੜਨ ਵਾਲੇ ਦੇਸ਼ ਦੇ ਪਹਿਲੇ ਅਭਿਲਾਸ਼ੀ ਅਤੇ ਬਹੁਮੰਤਵੀ ਕੇਨ-ਬੇਤਵਾ ਨੈਸ਼ਨਲ ਰਿਵਰ ਲਿੰਕਿੰਗ ਪ੍ਰੋਜੈਕਟ ਦਾ ਨੀਂਹ ਪੱਥਰ ਰਖਿਆ. ਪ੍ਰਧਾਨ ਮੰਤਰੀ ਨੇ ਦੇਸ਼ ਦੇ ਪਹਿਲੇ ਓਮਕਾਰੇਸ਼ਵਰ ਫਲੋਟਿੰਗ ਸੋਲਰ ਪ੍ਰੋਜੈਕਟ ਦਾ ਉਦਘਾਟਨ ਵੀ ਕੀਤਾ ਅਤੇ 1,100 ਤੋਂ

ਵੱਧ ਅਟਲ ਗ੍ਰਾਮ ਸੁਸ਼ਾਸਨ ਭਵਨਾਂ ਦਾ ਭੂਮੀ ਪੂਜਨ ਕੀਤਾ। ਸ੍ਰੀ ਮੋਦੀ ਨੇ ਅਟਲ ਬਿਹਾਰੀ ਵਾਜਪਾਈ ਦੀ ਯਾਦ ਵਿੱਚ ਇੱਕ ਡਾਕ ਟਿਕਟ ਅਤੇ ਯਾਦਗਾਰੀ ਸਿੱਕਾ ਵੀ ਜਾਰੀ ਕੀਤਾ । ਇਸ ਮੌਕੇ ਓਹਨਾਂ ਕਿਹਾ ਕਿ ਭਾਜਪਾ ਲਈ ਸੁਸ਼ਾਸਨ ਇਕ ਦਿਨ ਦਾ ਪ੍ਰੋਗਰਾਮ ਨਹੀਂ , ਸਗੋਂ ਇਹ ਉਸ ਦੀਆਂ ਸਰਕਾਰਾਂ ਦੀ ਪਛਾਣ ਏ । ਸ੍ਰੀ ਮੋਦੀ ਨੇ ਕਿਹਾ ਕਿ ਭਾਜਪਾ ਸਰਕਾਰਾਂ ਨੇ ਹਮੇਸ਼ਾ ਚੰਗੇ ਸ਼ਾਸਨ ਅਤੇ ਲੋਕਾਂ ਪ੍ਰਤੀ ਸਮਰਪਣ ਲਈ ਹਰ ਮਾਪਦੰਡ 'ਤੇ ਸਖ਼ਤ ਮਿਹਨਤ ਕੀਤੀ ਏ । ਸਾਬਕਾ ਪ੍ਰਧਾਨ ਮੰਤਰੀ ਸਵਰਗੀ ਅਟਲ ਬਿਹਾਰੀ ਵਾਜਪਾਈ ਦੀਆਂ ਯਾਦਾਂ ਸਾਂਝੀਆਂ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਅਟਲ ਜੀ ਹਮੇਸ਼ਾ ਚੰਗੇ ਸ਼ਾਸਨ ਅਤੇ ਚੰਗੀ ਸੇਵਾ ਲਈ ਸਾਡੇ ਪ੍ਰੇਰਨਾ ਸਰੋਤ ਰਹੇ ਨੇ -ਦੇਸ਼ ਦੀਆਂ ਪਾਣੀ ਦੀਆਂ ਸਮੱਸਿਆਵਾਂ ਬਾਰੇ ਗੱਲ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ ਦਹਾਕੇ ਨੂੰ ਭਾਰਤ ਦੇ ਇਤਿਹਾਸ ਵਿੱਚ ਪਾਣੀ ਦੀ ਸੁਰੱਖਿਆ ਅਤੇ ਪਾਣੀ ਦੀ ਸੰਭਾਲ ਦੇ ਇੱਕ ਬੇਮਿਸਾਲ ਦਹਾਕੇ ਵਜੋਂ ਯਾਦ ਕੀਤਾ ਜਾਵੇਗਾ. ਪਾਣੀ

ਸੰਬੰਧੀ ਵਿਵਾਦਾਂ ਦੇ ਕਾਰਨਾਂ ਨੂੰ ਉਜਾਗਰ ਕਰਦੇ ਹੋਏ ਸ਼੍ਰੀ ਮੋਦੀ ਨੇ ਕਿਹਾ ਕਿ ਅੱਜ ਸੱਤ ਦਹਾਕਿਆਂ ਬਾਅਦ ਵੀ ਦੇਸ਼ ਦੇ ਕਈ ਰਾਜਾਂ ਵਿਚਕਾਰ ਪਾਣੀ ਨੂੰ ਲੈ ਕੇ ਕੋਈ ਨਾ ਕੋਈ ਵਿਵਾਦ ਏ। ਦੇਸ਼ 'ਚ ਜਦੋਂ ਅਟਲ ਜੀ ਦੀ ਸਰਕਾਰ ਬਣੀ ਤਾਂ ਉਨ੍ਹਾਂ ਨੇ ਪਾਣੀ ਨਾਲ ਜੁੜੀਆਂ ਚੁਣੌਤੀਆਂ ਨੂੰ ਹੱਲ ਕਰਨ ਲਈ ਗੰਭੀਰਤਾ ਨਾਲ ਕੰਮ ਕਰਨਾ ਸ਼ੁਰੂ ਕਰ ਦਿੱਤਾ ਪਰ 2004 'ਚ ਕਾਂਗਰਸ ਦੀ ਸਰਕਾਰ ਬਣਦੇ ਹੀ ਕਾਂਗਰਸ ਨੇ ਅਟਲ ਜੀ ਦੀਆਂ ਸਾਰੀਆਂ ਕੋਸ਼ਿਸ਼ਾਂ 'ਤੇ ਪਾਣੀ ਫੇਰ ਦਿੱਤਾ। ਬਾਬਾ ਸਾਹਿਬ ਅੰਬੇਡਕਰ ਦੀ ਭੂਮਿਕਾ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਕਿਹਾ ਕਿ ਡਾ: ਅੰਬੇਡਕਰ ਦੀ ਸੋਚ ਅਤੇ ਦੂਰਅੰਦੇਸ਼ੀ ਨੇ ਭਾਰਤ ਦੇ ਪਾਣੀ ਵਸੀਲਿਆਂ, ਪਾਣੀ ਦੇ ਪ੍ਰਬੰਧ ਅਤੇ ਡੈਮ ਨਿਰਮਾਣ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾਇਆ ਏ।

-----------------------------------------------------

ਕੇਂਦਰੀ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੱਜ 10 ਹਜ਼ਾਰ ਤੋਂ ਵੱਧ ਨਵੀਆਂ ਸਥਾਪਿਤ ਬਹੁਮੰਤਵੀ ਮੁਢਲੀਆਂ ਖੇਤੀਬਾੜੀ

ਸਹਿਕਾਰੀ ਸਭਾਵਾਂ, ਡੇਅਰੀ ਅਤੇ ਮੱਛੀ ਪਾਲਣ ਸਹਿਕਾਰੀ ਸਭਾਵਾਂ ਰਾਸ਼ਟਰ ਨੂੰ ਸਮਰਪਿਤ ਕੀਤੀਆਂ. ਸ੍ਰੀ ਸ਼ਾਹ ਨੇ ਨਵੀਂ ਦਿੱਲੀ ਵਿੱਚ ਇੱਕ ਸਮਾਗਮ ਵਿੱਚ ਨਵੀਆਂ ਬਣੀਆਂ ਸਹਿਕਾਰੀ ਸਭਾਵਾਂ ਨੂੰ ਰਜਿਸਟ੍ਰੇਸ਼ਨ ਸਰਟੀਫਿਕੇਟ, RuPay ਕਿਸਾਨ ਕ੍ਰੈਡਿਟ ਕਾਰਡ ਅਤੇ ਮਾਈਕ੍ਰੋ ATMsਵੀ ਵੰਡੇ। ਇਹ ਮਾਲੀ ਸਾਧਨ ਪੰਚਾਇਤਾਂ ਵਿੱਚ ਕ੍ਰੈਡਿਟ ਸੇਵਾਵਾਂ ਤੱਕ ਆਸਾਨ ਪਹੁੰਚ ਪ੍ਰਦਾਨ ਕਰਨ ਅਤੇ ਮਾਲੀ ਸਮਾਵੇਸ਼ ਨੂੰ ਉਤਸ਼ਾਹਿਤ ਕਰਨ ਲਈ ਤਿਆਰ ਕੀਤੇ ਗਏ ਨੇ. ਇਸ ਮੌਕੇ ਬੋਲਦਿਆਂ ਸ੍ਰੀ ਸ਼ਾਹ ਨੇ ਕਿਹਾ ਕਿ ਮੋਦੀ ਸਰਕਾਰ ਸਹਿਕਾਰਤਾ ਨੂੰ ਉਤਸ਼ਾਹਿਤ ਕਰਕੇ ਪੇਂਡੂ ਅਰਥਚਾਰੇ ਨੂੰ ਨਵੀਂ ਤਾਕਤ ਦੇ ਰਹੀ ਏ । ਉਨ੍ਹਾਂ ਕਿਹਾ ਕਿ, ਸਰਕਾਰ ਪੰਜ ਸਾਲਾਂ ਦੇ ਟੀਚੇ ਤੋਂ ਬਹੁਤ ਪਹਿਲਾਂ ਦੋ ਲੱਖ ਮੁਢਲੀਆਂ ਖੇਤੀਬਾੜੀ ਕਰਜ਼ਾ ਸੋਸਾਇਟੀਆਂ (PACS ) ਸਥਾਪਿਤ ਕਰੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਪਹਿਲਕਦਮੀਆਂ ਰਾਹੀਂ ਕਿਸਾਨਾਂ ਦੀ ਉਪਜ ਆਸਾਨੀ ਨਾਲ ਵਿਸ਼ਵ ਮੰਡੀ ਤੱਕ ਪਹੁੰਚ ਜਾਵੇਗੀ। ਮੰਤਰੀ ਨੇ ਕਿਹਾ ਕਿ, ਸਰਕਾਰ ਨੇ PACS ਨੂੰ ਬਹੁ-ਪਖੀ ਬਣਾਇਆ ਏ ਅਤੇ ਉਨ੍ਹਾਂ ਨੂੰ ਭੰਡਾਰਨ, ਗੈਸ ਅਤੇ ਖਾਦ ਦੀ ਵੰਡ ਨਾਲ

ਜੋੜਿਆ ਏ ।ਮੰਤਰੀ ਨੇ ਇਹ ਵੀ ਉਜਾਗਰ ਕੀਤਾ ਕਿ ਜਦੋਂ ਦੇਸ਼ ਵਿੱਚ ਬੁਨਿਆਦੀ ਢਾਂਚੇ ਨੂੰ ਤਰਜੀਹ ਨਹੀਂ ਦਿੱਤੀ ਜਾ ਰਹੀ ਸੀ, ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੇ Swarnim Chaturbhuj Marg.ਦੀ ਸ਼ੁਰੂਆਤ ਕੀਤੀ ਸੀ।

---------------------------------------------------------------

ਅਮਲਾ, ਲੋਕ ਸ਼ਿਕਾਇਤਾਂ ਅਤੇ ਪੈਨਸ਼ਨਾਂ ਬਾਰੇ ਰਾਜ ਮੰਤਰੀ, ਡਾ: ਜਤਿੰਦਰ ਸਿੰਘ ਨੇ ਅੱਜ ਜ਼ਮੀਨੀ ਪੱਧਰ 'ਤੇ ਸ਼ਾਸਨ ਨੂੰ ਮਜ਼ਬੂਤ ਕਰਨ ਲਈ ਸੁਸ਼ਾਸਨ ਦਿਵਸ 'ਤੇ Viksit Panchayat Karmayogi ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਇਸ ਪਹਿਲਕਦਮੀ ਦਾ ਉਦੇਸ਼ ਪੰਚਾਇਤੀ ਰਾਜ ਸੰਸਥਾਵਾਂ ਦੀ ਸਮਰੱਥਾ ਅਤੇ ਯੋਗਤਾ ਨੂੰ ਵਧਾਉਣਾ ਏ, ਜਿਸ ਨਾਲ ਚੁਣੇ ਹੋਏ ਨੁਮਾਇੰਦਿਆਂ ਅਤੇ ਅਧਿਕਾਰੀਆਂ ਨੂੰ ਪ੍ਰਭਾਵਸ਼ਾਲੀ ਸ਼ਾਸਨ ਲਈ ਲੋੜੀਂਦੇ ਸਾਧਨਾਂ ਅਤੇ ਗਿਆਨ ਨਾਲ ਲੈਸ ਕੀਤਾ ਜਾਵੇਗਾ । ਇਸ ਮੌਕੇ ਬੋਲਦਿਆਂ ਡਾ. ਸਿੰਘ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਲੰਮੇ

ਸਮੇਂ ਤੱਕ ਚੱਲਣ ਵਾਲੇ ਅਤੇ ਸਾਰਥਕ ਬਦਲਾਅ ਲਿਆਉਣ ਲਈ ਪ੍ਰਸ਼ਾਸਨਿਕ ਸੁਧਾਰ ਜ਼ਮੀਨੀ ਪੱਧਰ 'ਤੇ ਸ਼ੁਰੂ ਹੋਣੇ ਚਾਹੀਦੇ ਨੇ. ਉਨ੍ਹਾਂ ਕਿਹਾ ਕਿ, Viksit Panchayat Karmayogi ਪਹਿਲਕਦਮੀ ਨਵੀਨਤਾਕਾਰੀ ਸਾਧਨਾਂ ਅਤੇ ਸਮਰੱਥਾ-ਨਿਰਮਾਣ ਢਾਂਚੇ ਰਾਹੀਂ ਪੰਚਾਇਤੀ ਰਾਜ ਸੰਸਥਾਵਾਂ ਨੂੰ ਮਜ਼ਬੂਤ ਕਰਨ 'ਤੇ ਕੇਂਦਰਿਤ ਏ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੂੰ ਉਨ੍ਹਾਂ ਦੀ 100ਵੀਂ ਜਨਮ ਵਰ੍ਹੇਗੰਢ'ਤੇ ਦਿੱਲੀ ਦੇ Sadaiv Atal ਸਮਾਰਕ 'ਤੇ ਸ਼ਰਧਾ ਦੇ ਫੁੱਲ ਭੇਂਟ ਕੀਤੇ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਭਲਕੇ ਨਵੀਂ ਦਿੱਲੀ ਵਿੱਚ 17

ਬੱਚਿਆਂ ਨੂੰ, ਸੱਤ ਸ਼੍ਰੇਣੀਆਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ 'ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ' ਪ੍ਰਦਾਨ ਕਰਨਗੇ। ਇਹ ਬੱਚੇ 14 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਨੇ । ਸਰਕਾਰ ਬੱਚਿਆਂ ਨੂੰ ਕਲਾ ਅਤੇ ਸੱਭਿਆਚਾਰ, ਬਹਾਦਰੀ, ਨਵੀਆਂ ਕਾਢਾਂ, ਵਿਗਿਆਨ ਅਤੇ ਤਕਨਾਲੋਜੀ, ਸਮਾਜ ਸੇਵਾ, ਖੇਡਾਂ ਅਤੇ ਚੁਗਿਰਦੇ ਦੇ ਖੇਤਰ ਵਿੱਚ ਪ੍ਰਾਪਤੀਆਂ ਲਈ ਬਾਲ ਪੁਰਸਕਾਰ ਪ੍ਰਦਾਨ ਕਰਦੀ ਏ । ਪੁਰਸਕਾਰ ਪ੍ਰਾਪਤ ਕਰਨ ਵਾਲੇ ਹਰੇਕ ਨੂੰ ਇੱਕ ਤਮਗਾ, ਸਰਟੀਫਿਕੇਟ ਅਤੇ ਪ੍ਰਸ਼ੰਸਾ ਪੱਤਰ ਦਿੱਤਾ ਜਾਵੇਗਾ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਭਾਰਤ ਮੰਡਪਮ ਵਿਖੇ, ਭਾਰਤ ਦੇ ਭਵਿੱਖ ਦੀ ਨੀਂਹ ਵਜੋਂ ਬੱਚਿਆਂ ਦਾ ਸਨਮਾਨ ਕਰਨ ਵਾਲੇ ਦੇਸ਼ ਵਿਆਪੀ ਜਸ਼ਨ ਵੀਰ ਬਾਲ ਦਿਵਸ, ਵਿੱਚ ਭਾਗ ਲੈਣਗੇ। ਇਸ ਮੌਕੇ ਉਹ ਇਕੱਠ ਨੂੰ ਸੰਬੋਧਨ ਵੀ ਕਰਨਗੇ । ਪ੍ਰਧਾਨ ਮੰਤਰੀ 'ਸੁਪੋਸ਼ਿਤ ਗ੍ਰਾਮ ਪੰਚਾਇਤ ਅਭਿਆਨ' ਦੀ ਸ਼ੁਰੂਆਤ

ਕਰਨਗੇ। ਇਸਦਾ ਉਦੇਸ਼ ਪੋਸ਼ਣ ਸੰਬੰਧੀ ਸੇਵਾਵਾਂ ਦੇ ਲਾਗੂਕਰਨ ਨੂੰਮਜ਼ਬੂਤ ਕਰਕੇ ਪੋਸ਼ਣ ਸੰਬੰਧੀ ਨਤੀਜਿਆਂ ਅਤੇ ਤੰਦਰੁਸਤੀ ਨੂੰ ਬਿਹਤਰ ਬਣਾਉਣਾ ਏ ।

-----------------------------------------------------------

ਦੇਸ਼ ਦੇ ਬਾਕੀ ਹਿੱਸਿਆਂ ਵਾਂਗ ਪੰਜਾਬ'ਚ ਵੀ ਅੱਜ ਈਸਾ ਮਸੀਹ ਦੇ ਜਨਮ ਦਾ ਦਿਨ, ਕ੍ਰਿਸਮਸ ਮਨਾਇਆ ਜਾ ਰਿਹਾ ਏ । ਲੋਕਾਂ ਨੇ ਗਿਰਜਿਆਂ'ਚ ਵਿਸ਼ੇਸ਼ ਪ੍ਰਾਰਥਨਾ ਸਭਾਵਾਂ'ਚ ਹਿੱਸਾ ਲਿਆ ਤੇ ਮੋਮ ਬੱਤੀਆਂ ਜਗਾਈਆਂ. ਇਸ ਮੌਕੇ 'ਤੇ, ਲੋਕ ਕ੍ਰਿਸਮਸ ਟ੍ਰੀ ਸਜਾ ਕੇ, ਸੋਹਣੀ ਸਜਾਵਟ ਕਰ ਕੇ ਘਰਾਂ ਨੂੰ ਸਜਾਉਂਦੇ ਨੇ ਅਤੇ ਇੱਕ ਦੂਜੇ ਨੂੰ ਤੋਹਫ਼ੇ ਦਿੰਦੇ ਨੇ. ਸਾਰੇ ਸੰਪਰਦਾਵਾਂ ਦੇ ਚਰਚ, ਕ੍ਰਿਸਮਸ ਦੀਆਂ ਵਿਸ਼ੇਸ਼ ਪ੍ਰਾਰਥਨਾ ਸਭਾਵਾਂ ਅਤੇ ਸਮਾਗਮ ਕਰ ਰਹੇ ਨੇ । ਰਾਸਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕ੍ਰਿਸਮਿਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ. ਇੱਕ

ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਕ੍ਰਿਸਮਸ ਦਾ ਦਿਨ, ਯਿਸੂ ਮਸੀਹ ਦੀਆਂ ਪਿਆਰ, ਦਿਆਲਤਾ ਅਤੇ ਹਮਦਰਦੀ ਦੀਆਂ ਸਦੀਵੀ ਸਿੱਖਿਆਵਾਂ ਦੀ ਯਾਦ ਦਵਾਉਂਦਾ ਏ । ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਵੀ ਕਾਮਨਾ ਕੀਤੀ ਕਿ ਇਹ ਖੁਸ਼ੀ ਦਾ ਮੌਕਾ ਦੇਸ਼ ਭਰ ਦੇ ਘਰਾਂ ਨੂੰ ਨਿੱਘ, ਪਿਆਰ ਅਤੇ ਸਦਭਾਵਨਾ ਨਾਲ ਰੌਸ਼ਨ ਕਰੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਇਸ ਮੌਕੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਸ੍ਰੀ ਮੋਦੀ ਨੇ ਕਾਮਨਾ ਕੀਤੀ ਕਿ ਪ੍ਰਭੂ ਯਿਸੂ ਮਸੀਹ ਦੀਆਂ ਸਿੱਖਿਆਵਾਂ ਹਰ ਕਿਸੇ ਨੂੰ ਸ਼ਾਂਤੀ ਅਤੇ ਖੁਸ਼ਹਾਲੀ ਦਾ ਰਾਹ ਦਿਖਾਉਣ ।

---------------------------------------------------------------

ਭਾਰਤ ਦੀ ਰਾਸ਼ਟਰੀ ਸ਼ਾਹਰਾਹ ਅਥਾਰਟੀ, NHAI ਸੜਕ ਸੁਰੱਖਿਆ ਨੂੰ ਵਧਾਉਣ ਲਈ ਰਾਸ਼ਟਰੀ ਸ਼ਾਹਰਾਹਾਂ'ਤੇ ਅਵਾਰਾ ਪਸ਼ੂਆਂ ਦੀ ਚੁਣੌਤੀ ਨੂੰ ਹੱਲ ਕਰਨ ਲਈ ਇੱਕ ਆਜ਼ਮਾਇਸ਼ੀ

ਪ੍ਰੋਜੈਕਟ ਸ਼ੁਰੂ ਕਰ ਰਿਹਾ ਏ । ਇਹ, ਪਸ਼ੂਆਂ ਨਾਲ ਸਬੰਧਤ ਹਾਦਸਿਆਂ ਤੋਂ ਬਚਣ ਅਤੇ ਅਵਾਰਾ ਪਸ਼ੂਆਂ ਲਈ ਸੁਰੱਖਿਅਤ ਸਥਾਨਾਂ ਵਜੋਂ ਕੰਮ ਕਰਨ ਵਿੱਚ ਮਦਦ ਕਰਨ ਲਈ ਸ਼ਾਹਰਾਹਾਂ ਦੇ ਨਾਲ - ਨਾਲ ਰਣਨੀਤਕ ਤੌਰ 'ਤੇ ਸਥਿਤ ਪਸ਼ੂ ਆਸਰਾ ਪ੍ਰਦਾਨ ਕਰੇਗਾ.NHAI ਨੇ ਇਸ ਸਬੰਧ ਵਿੱਚ ਇੱਕ ਕੰਪਨੀ ਨਾਲ ਇੱਕ ਸਹਿਮਤੀ ਪੱਤਰ’ਤੇ ਦਸਤਖਤ ਕੀਤੇ ਨੇ । ਇਹ, ਸਮੇਂ ਸਿਰ ਡਾਕਟਰੀ ਦੇਖਭਾਲ ਲਈ ਹਰੇਕ ਪਾਸੇ 50 ਕਿਲੋਮੀਟਰ ਦੀ ਦੂਰੀ 'ਤੇ ਫਸਟ-ਏਡ ਜਾਂ ਮੁਢਲੀ ਸਹਾਇਤਾ ਕੇਂਦਰ ਅਤੇ ਹਸਪਤਾਲ ਕਾਇਮ ਕਰੇਗਾ ਅਤੇ ਪਸ਼ੂ ਐਂਬੂਲੈਂਸਾਂ ਨੂੰ ਵੀ ਤਾਇਨਾਤ ਕਰੇਗਾ। ਇਸ ਪਹਿਲਕਦਮੀ ਨੂੰ ਪੰਜਾਬ ਵਿੱਚੋਂ ਲੰਘਣ ਵਾਲੇ ਰਾਸ਼ਟਰੀ ਸ਼ਾਹਰਾਹ ਨੰਬਰ-21 ਦੇ ਕੀਰਤਪੁਰ-ਨੇਰ ਚੌਕ ਸੈਕਸ਼ਨ ਸਮੇਤ ਵੱਖ-ਵੱਖ ਰਾਸ਼ਟਰੀ ਸ਼ਾਹਰਾਹਾਂ 'ਤੇ ਲਾਗੂ ਕੀਤਾ ਜਾਵੇਗਾ। ਪੰਜਾਬ ਸਰਕਾਰ ਦੇ ਟ੍ਰੈਫਿਕ ਸਲਾਹਕਾਰ, ਡਾ. ਨਵਦੀਪ ਅਸੀਜਾ ਨੇ ਇਸ ਕਦਮ ਦਾ ਸਵਾਗਤ ਕਰਦਿਆਂ NHAI ਵੱਲੋਂ

ਚੁੱਕੇ ਗਏ ਇਸ ਨੂੰ ਇੱਕ ਵਧੀਆ ਕਦਮ ਦੱਸਿਆ ਏ ਜੋ ਖਾਸ ਤੌਰ 'ਤੇ ਉਨ੍ਹਾਂ ਇਲਾਕਿਆਂ ਵਿੱਚ, ਜਿੱਥੇ ਰਾਸ਼ਟਰੀ ਰਾਜ ਸ਼ਾਹਰਾਹ ਦੇ ਨੇੜੇ ਜੰਗਲਾਂ ਇਲਾਕਾ ਬਹੁਤ ਘੱਟ ਗਿਆ ਏ, ਮਦਦਗਾਰ ਸਾਬਿਤ ਹੋਏਗਾ।

---

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਫਤਿਹਗੜ੍ਹ ਸਾਹਿਬ ਦੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਲਾਨਾ ਤਿੰਨ ਰੋਜ਼ਾ ਸ਼ਹੀਦੀ ਸਭਾ ਅੱਜ ਅਰੰਭ ਹੋ ਗਈ ਏ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ, ਜਿੰਨਾਂ ਦੇ 27 ਦਸੰਬਰ ਨੂੰ ਭੋਗ ਪੈਣਗੇ, ਜਿਸ ਉਪਰੰਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸ਼ਹੀਦੀ

ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸੰਪੂਰਨ ਹੋਵੇਗਾ ਤੇ ਅਰਦਾਸ ਉਪਰੰਤ ਤਿੰਨ ਰੋਜ਼ਾ ਸ਼ਹੀਦੀ ਸਭਾ ਦੀ ਸਮਾਪਤੀ ਹੋਵੇਗੀ । ਸੰਗਤਾਂ ਦੂਰੋਂ ਦੂਰੋਂ ਗੁਰੂ ਘਰ ਵਿੱਚ ਨਤਮਸਤਕ ਹੋ ਰਹੀਆਂ ਨੇ । ਫ਼ਤਹਿਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ ਨੇ ਦੱਸਿਆ ਕਿ ਖਾਸ ਪ੍ਰਬੰਧ ਕੀਤੇ ਗਏ ਨੇ ਅਤੇ ਕਿ ਸ਼ਹੀਦੀ ਸਭਾ ਦੌਰਾਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਖਾਸ ਨੁਮਾਇਸ਼ਲਾਈ ਜਾਵੇਗੀ ਅਤੇ ਆਮ ਖਾਸ ਬਾਗ ਵਿਖੇ ਇਤਿਹਾਸਕ ਨਾਟਕ "ਜਿੰਦਾਂ ਨਿੱਕੀਆਂ" ਦੀ ਵੀ ਪੇਸ਼ਕਾਰੀ ਕੀਤੀ ਜਾਵੇਗੀ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਬੀਤੇ ਦਿਨੀਂ ਬੀਬੀ ਜਗੀਰ ਕੌਰ ਲਈ ਵਰਤੇ ਗਏ ਮਾੜੇ ਸ਼ਬਦਾਂ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਆਦੇਸ਼

ਅਨੁਸਾਰ, ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਪਿਆਰਿਆਂ ਦੇ ਸਨਮੁਖ ਪੇਸ਼ ਹੋਏ। ਇਸ ਦੌਰਾਨ ਪੰਜ ਪਿਆਰਿਆਂ ਨੇ ਐਡਵੋਕੇਟ ਧਾਮੀ ਵੱਲੋਂ ਇਸ ਮਾਮਲੇ ਵਿੱਚ ਕੀਤੀ ਮਾਫ਼ੀ ਦੀ ਬੇਨਤੀ ’ਤੇ ਵਿਚਾਰ ਕਰਕੇ ਉਨ੍ਹਾਂ ਨੂੰ ਪੰਥਕ ਰਵਾਇਤ ਮੁਤਾਬਿਕ ਸੇਵਾ ਕਰਨ ਦਾ ਆਦੇਸ਼ ਕੀਤਾ। ਐਡਵੋਕੇਟ ਧਾਮੀ ਨੂੰ ਲਾਈ ਗਈ ਸੇਵਾ ਵਿੱਚ ਇੱਕ ਦਿਨ ਵਾਸਤੇ ਇੱਕ ਘੰਟਾ ਜੋੜਾ ਘਰ ਅਤੇ ਇੱਕ ਘੰਟਾ ਲੰਗਰ ਵਿਖੇ ਬਰਤਨ ਮਾਂਜਣ ਦੀ ਸੇਵਾ ਦੇ ਨਾਲ-ਨਾਲ ਜਪੁਜੀ ਸਾਹਿਬ ਦੇ ਪੰਜ ਪਾਠ ਕਰਨ ਉਪਰੰਤ 500 ਰੁਪਏ ਦੀ ਦੇਗ ਕਰਵਾ ਕੇ ਅਰਦਾਸ ਕਰਵਾਉਣ ਦਾ ਆਦੇਸ਼ ਕੀਤਾ ਗਿਆ। ਇਸ ਆਦੇਸ਼ ਨੂੰ ਮੰਨਦਿਆਂ ਐਡਵੋਕੇਟ ਧਾਮੀ ਨੇ ਜੋੜਾ ਘਰ ਅਤੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਇੱਕ-ਇੱਕ ਘੰਟਾ ਸੇਵਾ ਕੀਤੀ।

---------------------------------------------------------

67 ਵੀਂ ਰਾਸ਼ਟਰੀ ਨਿਸ਼ਾਨੇਬਾਜ਼ੀ ਚੈਮਪੀਅਨਸ਼ਿਪ ‘ਚ ਪੰਜਾਬ ਦੀ

ਗਨੀਮਤ ਸੇਖੋਂ ਨੇ ਦਿੱਲੀ’ਚ ਮਹਿਲਾ SKEET ਮੁਕਾਬਲੇ’ਚ ਲਗਾਤਾਰ ਦੂਜਾ ਰਾਸ਼ਟਰੀ ਖਿਤਾਬ ਆਪਣੇ ਨਾਂ ਕੀਤਾ ਏ. ਵਿਅਕਤੀਗਤ ਮਹਿਲਾ ਫਾਇਨਲ ‘ਚ ਉਸਨੇ ਪੰਜਾਬ ਦੀ ਹੀ, ਅਸੀਸ ਛੀਨਾ ਨੂੰ ਹਰਾਇਆ, ਜਿਸ ਨੂੰ ਚਾਂਦੀ ਦਾ ਤਮਗਾ ਮਿਲਿਆ ਏ. ਇਸ ਮੁਕਾਬਲੇ’ਚ ਸੇਖੋਂ ਦਾ ਇਹ ਦੂਜਾ ਸੋਨ ਤਮਗਾ ਸੀ. ਉਸ ਨੇ ਇਸ ਤੋਂ ਪਹਿਲਾਂ, ਪਰਿਨਾਜ਼ ਧਾਲੀਵਾਲ ਅਤੇ ਜਸਮੀਨ ਕੌਰ ਨਾਲ ਮਹਿਲਾ ਟੀਮ ਮੁਕਾਬਲਾ ਜਿੱਤਿਆ ਸੀ. OLYMPIAN ਰਾਇਜ਼ਾ ਢਿੱਲੋਂ ਨੇ ਕਾਂਸੀ ਦਾ ਤਮਗਾ ਹਾਸਿਲ ਕੀਤਾ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ, ਦਰਿਆਵਾਂ ਨੂੰ ਜੋੜਨ ਵਾਲੇ ਦੇਸ਼ ਦੇ ਪਹਿਲੇ ਅਭਿਲਾਸ਼ੀ ਅਤੇ ਬਹੁਮੰਤਵੀ ਕੇਨ-ਬੇਤਵਾ ਨੈਸ਼ਨਲ ਰਿਵਰ ਲਿੰਕਿੰਗ ਪ੍ਰੋਜੈਕਟ ਦਾ ਨੀਂਹ ਪੱਥਰ ਰਖਿਆ।

- ਕੇਂਦਰੀ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੱਜ 10 ਹਜ਼ਾਰ ਤੋਂ ਵੱਧ ਨਵੀਆਂ ਸਥਾਪਿਤ ਖੇਤੀਬਾੜੀ ਸਹਿਕਾਰੀ ਸਭਾਵਾਂ, ਡੇਅਰੀ ਅਤੇ ਮੱਛੀ ਪਾਲਣ ਸਹਿਕਾਰੀ ਸਭਾਵਾਂ ਰਾਸ਼ਟਰ ਨੂੰ ਸਮਰਪਿਤ ਕੀਤੀਆਂ ।
- ਕੇਂਦਰੀ ਰਾਜ ਮੰਤਰੀ, ਡਾ: ਜਤਿੰਦਰ ਸਿੰਘ ਨੇ ਅੱਜ ਸੁਸ਼ਾਸਨ ਦਿਵਸ 'ਤੇ Viksit Panchayat Karmayogi ਪਹਿਲਕਦਮੀ ਦੀ ਸ਼ੁਰੂਆਤ ਕੀਤੀ।
- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਫਤਿਹਗੜ੍ਹ ਸਾਹਿਬ ਦੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਲਾਨਾ ਤਿੰਨ ਰੋਜ਼ਾ ਸ਼ਹੀਦੀ ਸਭਾ ਅੱਜ ਤੋਂ ਅਰੰਭ ।
- 67 ਵੀਂ ਰਾਸ਼ਟਰੀ ਨਿਸ਼ਾਨੇਬਾਜ਼ੀ ਚੈਮਪੀਅਨਸ਼ਿਪ ‘ਚ ਪੰਜਾਬ ਦੀ ਗਨੀਮਤ ਸੇਖੋਂ ਨੇ ਦਿੱਲੀ’ਚ ਮਹਿਲਾ SKEET ਮੁਕਾਬਲੇ’ਚ ਲਗਾਤਾਰ ਦੂਜਾ ਰਾਸ਼ਟਰੀ ਖਿਤਾਬ ਆਪਣੇ ਨਾਂ ਕੀਤਾ ਏ ।